ਕਰਮਚਾਰੀਆਂ ਦੀ ਇਮੀਗ੍ਰੇਸ਼ਨ ਸਥਿਤੀ ਜਾਂ ਉਨ੍ਹਾਂ ਦੇ ਰੁਜ਼ਗਾਰਦਾਤਾ ਦੀ ਲੋਕੇਸ਼ਨ ਦੀ ਪਰਵਾਹ ਕੀਤੇ ਬਿਨਾਂ, ਇਹ ਨਿਯਮ SEATTLE ਸ਼ਹਿਰ ਸੀਮਾਵਾਂ ਦੇ ਅੰਦਰ ਕੰਮ ਕਰਨ ਵਾਲੇ ਸਾਰੇ ਕਰਮਚਾਰੀਆਂ ਉੱਤੇ ਲਾਗੂ ਹੁੰਦੇ ਹਨ। ਰੁਜ਼ਗਾਰਦਾਤਾਵਾਂ ਨੂੰ ਇਨ੍ਹਾਂ ਕਾਨੂੰਨਾਂ ਦੀ ਪਾਲਣਾ ਜ਼ਰੂਰ ਕਰਨੀ ਚਾਹੀਦੀ ਹੈ। ਬਗ਼ਾਵਤ ਕਰਨਾ ਗ਼ੈਰ-ਕਾਨੂੰਨੀ ਹੈ।

# 2019 ਸੀਏਟਲ ਲੇਬਰ ਸਟੈਂਡਰਡਜ਼ ਆਰਡਿਨੈਂਸਿਜ਼

ਆਫ਼ਿਸ ਆਫ਼ ਲੇਬਰ ਸਟੈਂਡਰਡਜ਼ ਦਾ ਮਿਸ਼ਨ ਸੂਝਵਾਨ ਸਮਾਜ ਅਤੇ ਵਪਾਰਕ ਭਾਗੀਦਾਰੀ ਦੇ ਜ਼ਰੀਏ ਰਣਨੀਤਕ ਤੌਰ 'ਤੇ ਲਾਗੂ ਕਰਨਾ ਅਤੇ ਨਵੀਨਤਾਕਾਰੀ ਨੀਤੀ ਵਿਕਾਸ, ਨਸਲ ਅਤੇ ਸਮਾਜਕ ਨਿਆਂ ਲਈ ਵਚਨਬੱਧਤਾ ਦੇ ਨਾਲ. ਮਜ਼ਦੂਰੀ ਦੇ ਮਿਆਰ ਪ੍ਰਦਾਨ ਕਰਨਾ ਹੈ।

ਇਹ ਪੋਸਟਰ ਅੰਗਰੇਜ਼ੀ ਅਤੇ ਕਰਮਚਾਰੀਆਂ ਦੁਆਰਾ ਬੋਲੀ ਜਾਣ ਵਾਲੀ ਭਾਸ਼ਾ ਵਿੱਚ, ਕੰਮ ਦੇ ਸਥਾਨ 'ਤੇ ਨਜ਼ਰ ਵਿੱਚ ਆਉਣ ਵਾਲੇ ਕਿਸੇ ਸਥਾਨ 'ਤੇ ਪ੍ਰਦਰਸ਼ਿਤ ਕੀਤਾ ਜਾਣਾ ਚਾਹੀਦਾ ਹੈ।

ਆਫ਼ਿਸ ਆਫ਼ ਲੇਬਰ ਸਟੈਂਡਰਡਜ਼ ਸਰੀਰਕ ਅਯੋਗਤਾਵਾਂ ਵਾਲੇ ਵਿਅਕਤੀਆਂ ਲਈ ਅਨੁਵਾਦ, ਦੁਭਾਸ਼ੀਆ ਸੇਵਾਵਾਂ, ਅਤੇ ਰਿਹਾਇਸ਼ ਪ੍ਰਦਾਨ ਕਰਦਾ ਹੈ।

## SMC 14.19
## ਘੱਟ ਤੋਂ ਘੱਟ ਤਨਖਾਹ

**ਕਰਮਚਾਰੀਆਂ ਲਈ ਘੱਟ ਤੋਂ ਘੱਟ ਤਨਖਾਹ ਨਿਰਧਾਰਿਤ ਕਰਦਾ ਹੈ**

### ਵੱਡੇ ਰੁਜ਼ਗਾਰਦਾਤਾ
(501 ਜਾਂ ਵੱਧ ਕਰਮਚਾਰੀ)

**$16.00**
ਪ੍ਰਤੀ ਘੰਟਾ

### ਛੋਟੇ ਰੁਜ਼ਗਾਰਦਾਤਾ
(500 ਜਾਂ ਘੱਟ ਕਰਮਚਾਰੀ)

ਕੀ ਰੁਜ਼ਗਾਰਦਾਤਾ ਵਿਅਕਤੀਗਤ ਕਰਮਚਾਰੀ ਦੇ ਮੈਡੀਕਲ ਲਾਭਾਂ ਲਈ ਘੱਟੋ-ਘੱਟ $3.00 ਦਾ ਭੁਗਤਾਨ ਕਰਦਾ ਹੈ ਅਤੇ/ਜਾਂ ਕੀ ਕਰਮਚਾਰੀ ਟਿਪਸ ਵਜੋਂ ਘੱਟੋ-ਘੱਟ $3.00 ਪ੍ਰਤੀ ਘੰਟਾ ਕਮਾਉਂਦਾ ਹੈ?

| ਨਹੀਂ | ਹਾਂ |
|---|---|
| **$15.00** ਪ੍ਰਤੀ ਘੰਟਾ | **$12.00** ਪ੍ਰਤੀ ਘੰਟਾ |

**ਰੁਜ਼ਗਾਰਦਾਤਾ ਦਾ ਆਕਾਰ**
ਰੁਜ਼ਗਾਰਦਾਤਾ ਦੇ ਵਿਸ਼ਵ ਭਰ ਵਿੱਚ ਸਾਰੇ ਕਰਮਚਾਰੀਆਂ ਦੀ ਕੁੱਲ ਗਿਣਤੀ ਕਰੋ। ਫ੍ਰੈਂਚਾਈਜ਼ਾਂ ਲਈ, ਫ੍ਰੈਂਚਾਈਜ਼ ਨੈੱਟਵਰਕ ਵਿੱਚ ਸਾਰੇ ਕਰਮਚਾਰੀਆਂ ਦੀ ਗਿਣਤੀ ਕਰੋ

**ਮੈਡੀਕਲ ਲਾਭ**
ਛੋਟੇ ਰੁਜ਼ਗਾਰਦਾਤਾ ਦੇ ਕਰਮਚਾਰੀ ਦਾ ਫੈਡਰਲ ਅਫੋਰਡੇਬਲ ਐਕਟ (Federal Affordable Care Act) ਦੁਆਰਾ ਪਰਿਭਾਸ਼ਿਤ, ਇੱਕ ਸਿਲਵਰ-ਪੱਧਰ ਜਾਂ ਉੱਚ ਯੋਜਨਾ ਵਿੱਚ ਸ਼ਾਮਲ ਹੋਣਾ ਜ਼ਰੂਰੀ ਹੈ

» ਰੁਜ਼ਗਾਰਦਾਤਾ ਘੱਟ ਤੋਂ ਘੱਟ ਨਿਰਧਾਰਿਤ ਤਨਖਾਹ ਤੋਂ ਘਟਾਈ ਗਈ ਰਕਮ ਨਹੀਂ ਦੇ ਸਕਦਾ ਜੇ ਕਰਮਚਾਰੀ ਮੈਡੀਕਲ ਲਾਭ ਪ੍ਰਾਪਤ ਕਰਨ ਤੋਂ ਇਨਕਾਰ ਕਰਦਾ ਹੈ ਜਾਂ ਮੈਡੀਕਲ ਲਾਭਾਂ ਲਈ ਯੋਗਤਾ ਪੂਰੀ ਨਹੀਂ ਕਰਦਾ

## SMC 14.20
## ਤਨਖਾਹ ਦੀ ਚੋਰੀ

**ਤਨਖਾਹ ਦੀ ਚੋਰੀ ਦੇ ਵਿਰੁੱਧ ਸੁਰੱਖਿਆ ਪ੍ਰਦਾਨ ਕਰਦਾ ਹੈ**

**ਰੁਜ਼ਗਾਰਦਾਤਾਵਾਂ ਨੂੰ ਤਨਖਾਹ ਦੇ ਨਿਰਧਾਰਿਤ ਦਿਨ 'ਤੇ ਕਰਮਚਾਰੀਆਂ ਨੂੰ ਸਾਰਾ ਭੁਗਤਾਨਯੋਗ ਮੁਆਵਜ਼ਾ ਅਤੇ ਉਨ੍ਹਾਂ ਦੀ ਨੌਕਰੀ ਅਤੇ ਤਨਖਾਹ ਬਾਰੇ ਲਿਖਤੀ ਜਾਣਕਾਰੀ ਦੇਣੀ ਚਾਹੀਦੀ ਹੈ।**

### ਲਿਖਤੀ ਜਾਣਕਾਰੀ ਵਿੱਚ ਇਹ ਸ਼ਾਮਲ ਹੋਣਾ ਜ਼ਰੂਰੀ ਹੈ:
- ਰੁਜ਼ਗਾਰਦਾਤਾ ਦਾ ਨਾਮ ਅਤੇ ਸੰਪਰਕ ਜਾਣਕਾਰੀ
- ਕਰਮਚਾਰੀ ਦੀ ਤਨਖਾਹ ਦੀ ਦਰ, ਓਵਰਟਾਈਮ ਕਮਾਉਣ, ਤਨਖਾਹ ਦੇ ਆਧਾਰ (ਘੰਟੇ, ਸ਼ਿਫਟ, ਦਿਨ, ਹਫ਼ਤਾ, ਕਮੀਸ਼ਨ) ਲਈ ਯੋਗਤਾ ਦੀ ਪੂਰਤੀ, ਅਤੇ ਤਨਖਾਹ ਦਾ ਨਿਯਮਿਤ ਦਿਨ
- ਰੁਜ਼ਗਾਰਦਾਤਾ ਦੀ ਟਿਪ ਪਾਲਿਸੀ ਦਾ ਵਰਣਨ
- ਤਨਖਾਹ ਦੇ ਦਿਨਾਂ 'ਤੇ ਤਨਖਾਹ ਦੀ ਜਾਣਕਾਰੀ ਦਾ ਆਈਟਮਾਈਜ਼ਡ ਬਿਓਰਾ

### ਤਨਖਾਹ ਦੀਆਂ ਜ਼ਰੂਰਤਾਂ ਦੀਆਂ ਉਦਾਹਰਣਾਂ:
- ਘੱਟ ਤੋਂ ਘੱਟ ਨਿਰਧਾਰਿਤ ਤਨਖਾਹ ਦਾ ਭੁਗਤਾਨ ਕਰਨਾ
- ਓਵਰਟਾਈਮ ਦਾ ਭੁਗਤਾਨ ਕਰਨਾ
- ਆਰਾਮ ਅੰਤਰਾਲਾਂ ਲਈ ਭੁਗਤਾਨ ਕਰਨਾ
- ਵਾਅਦਾ ਕੀਤੀ ਗਈ ਰਕਮ ਦਾ ਭੁਗਤਾਨ ਕਰਨਾ
- ਕੰਮਕਾਜ ਦੇ ਘੰਟਿਆਂ ਤੋਂ ਬਾਹਰਲੇ ਕੰਮ ਲਈ ਭੁਗਤਾਨ ਕਰਨਾ
- ਟਿਪਸ ਦਾ ਭੁਗਤਾਨ ਕਰਨਾ
- ਸਰਵਿਸ ਕਰਾਂ ਦਾ ਭੁਗਤਾਨ ਕਰਨਾ (ਜਦ ਤੱਕ ਕਿ ਰਸੀਦ ਜਾਂ ਮੈਨਯੂ ਉੱਤੇ ਕਰਮਚਾਰਰੀ(ਆਂ) ਦਾ ਗਾਹਕ ਨੂੰ ਸੇਵਾ ਪ੍ਰਦਾਨ ਕਰਨਯੋਗ ਨਹੀਂ ਦੇ ਤੌਰ 'ਤੇ ਸੂਚੀਬੱਧ ਨਾ ਕੀਤਾ ਗਿਆ ਹੋਵੇ)
- ਰੁਜ਼ਗਾਰਦਾਤਾ ਦੇ ਖਰਚਿਆਂ ਦੀ ਵਾਪਸੀ ਕਰਨਾ
- ਕਰਮਚਾਰੀਆਂ ਦਾ ਕੋਈ ਗ਼ਲਤ ਵਰਗੀਕਰਣ ਨਹੀਂ

## SMC 14.17
## ਨਿਆਂਪੂਰਣ ਮੌਕਾ ਰੁਜ਼ਗਾਰ

**ਸਜ਼ਾਵਾਂ ਅਤੇ ਗ੍ਰਿਫਤਾਰੀ ਦੇ ਰਿਕਾਰਡਾਂ ਦੀ ਸੀਮਿਤ ਵਰਤੋਂ**

### ਇਨ੍ਹਾਂ ਲਈ ਮਨਾਹੀ:
- ਨੌਕਰੀ ਦੇ ਇਸ਼ਤਿਹਾਰ ਜੋ ਕਿ ਸਜ਼ਾ ਜਾਂ ਗਿਰਫ਼ਤਾਰੀ ਰਿਕਾਰਡਾਂ ਵਾਲੇ ਬਿਨੈਕਰਤਾਵਾਂ ਨੂੰ ਸ਼ਾਮਲ ਨਹੀਂ ਕਰਦੇ
- ਨੌਕਰੀ ਦੀਆਂ ਅਰਜ਼ੀਆਂ ਜਿਨ੍ਹਾਂ ਵਿੱਚ ਸਜ਼ਾ ਜਾਂ ਗ੍ਰਿਫਤਾਰੀ ਰਿਕਾਰਡਾਂ ਬਾਰੇ ਸਵਾਲ ਹੋਣ, ਜਦ ਤੱਕ ਕਿ ਰੁਜ਼ਗਾਰਦਾਤਾ ਨੇ ਬਿਨੈਕਾਰਾਂ ਦੀ ਘੱਟੋ-ਘੱਟ ਯੋਗਤਾਵਾਂ ਦੀ ਪੂਰਤੀ ਲਈ ਪਹਿਲਾਂ ਤੋਂ ਹੀ ਜਾਂਚ ਨਾ ਕਰ ਲਈ ਹੋਵੇ
- ਸਿਰਫ਼ ਗ੍ਰਿਫ਼ਤਾਰੀ ਦੇ ਰਿਕਾਰਡ ਦੇ ਆਧਾਰ 'ਤੇ ਨੌਕਰੀ ਤੋਂ ਇਨਕਾਰ (ਜਾਂ ਹੋਰ ਗੰਭੀਰ ਰੁਜ਼ਗਾਰ ਕਾਰਵਾਈਆਂ)

**ਕੁਝ ਇਤਰਾਜ਼ ਲਾਗੂ ਹੁੰਦੇ ਹਨ, ਜਿਨ੍ਹਾਂ ਵਿੱਚ ਸ਼ਾਮਲ ਹਨ 16 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਲਈ ਅਸੁਰੱਖਿਅਤ ਪਹੁੰਚ, ਵਿਕਾਸ ਸੰਬੰਧੀ ਅਸਮਰਥਤਾਵਾਂ ਵਾਲੇ ਵਿਅਕਤੀ, ਜਾਂ ਕਮਜ਼ੋਰ ਬਾਲਗ**

**ਰੁਜ਼ਗਾਰਦਾਤਾਵਾਂ ਨੂੰ ਇਹ ਕਰਨ ਦੀ ਲੋੜ ਹੈ:**
ਬਿਨੈਕਾਰਾਂ ਦੀ ਘੱਟੋ-ਘੱਟ ਯੋਗਤਾ ਪੂਰੀ ਕਰਨ ਦੀ ਜਾਂਚ ਪੂਰੀ ਹੋਣ ਤੋਂ ਬਾਦ ਤੱਕ ਅਪਰਾਧਕ ਪਿਛੋਕੜ ਜਾਂਚਾਂ ਲਈ ਉਡੀਕ ਕਰਨੀ

ਸਿਰਫ਼ ਅਪਰਾਧਕ ਪਿਛੋਕੜ ਦੀ ਜਾਂਚ ਦੇ ਆਧਾਰ 'ਤੇ ਗੰਭੀਰ ਕਾਰਵਾਈ ਕਰਨ ਤੋਂ ਪਹਿਲਾਂ ਪ੍ਰਕਿਰਿਆਵਾਂ ਦੀ ਪਾਲਣਾ ਕਰਨੀ:

» ਅਪਰਾਧਕ ਪਿਛੋਕੜ ਜਾਂਚ ਦੀ ਜਾਣਕਾਰੀ ਨੂੰ ਸਮਝਾਉਣ ਜਾਂ ਠੀਕ ਕਰਨ ਦੇ ਮੌਕੇ ਪ੍ਰਦਾਨ ਕਰਨਾ

» ਨੌਕਰੀ ਦੀ ਪੇਸ਼ਕਸ਼ ਨੂੰ ਘੱਟੋ-ਘੱਟ ਦੋ ਕਾਰੋਬਾਰੀ ਦਿਨਾਂ ਤੱਕ ਖੁਲ੍ਹਾ ਰੱਖਣਾ

» ਇੱਕ ਜਾਇਜ਼ ਕਾਰੋਬਾਰੀ ਕਾਰਨ ਰੱਖਣਾ ਕਿ ਵਿਅਕਤੀ ਨੂੰ ਨਿਯੁਕਤ ਕਰਨਾ ਕਾਰੋਬਾਰ ਨੂੰ ਨੁਕਸਾਨ ਪਹੁੰਚਾਏਗਾ ਜਾਂ ਕਰਮਚਾਰੀ ਦੀ ਨੌਕਰੀ ਕਰਨ ਦੀ ਸਮਰੱਥਾ 'ਤੇ ਪ੍ਰਭਾਵ ਪਾਵੇਗਾ

## SMC 14.16
## ਭੁਗਤਾਨ ਕੀਤਾ ਗਿਆ ਬਿਮਾਰੀ ਅਤੇ ਸੁਰੱਖਿਆ ਸਮਾਂ

**ਡਾਕਟਰੀ ਅਤੇ ਸੁਰੱਖਿਆ ਸਮੱਸਿਆਵਾਂ ਲਈ ਲੋੜੀਂਦੀ ਭੁਗਤਾਨਯੋਗ ਛੁੱਟੀ**

**ਰੁਜ਼ਗਾਰਦਾਤਾਵਾਂ ਲਈ ਜ਼ਰੂਰੀ ਹੈ ਕਿ ਉਹ ਕਰਮਚਾਰੀਆਂ ਨੂੰ ਆਪਣੀ ਜਾਂ ਪਰਿਵਾਰ ਦੇ ਮੈਂਬਰ ਦੀ ਦੇਖਭਾਲ ਲਈ ਭੁਗਤਾਨਯੋਗ ਛੁੱਟੀ ਪ੍ਰਦਾਨ ਕਰਨ।**
(ਬੱਚਾ, ਮਾਤਾ-ਪਿਤਾ, ਜੀਵਨਸਾਥੀ, ਰਜਿਸਟਰਡ ਘਰੇਲੂ ਸਾਥੀ, ਦਾਦਾ-ਦਾਦੀ, ਪੋਤੇ, ਭੈਣ-ਭਰਾ)

**ਬਿਮਾਰੀ ਦਾ ਸਮਾਂ:** ਡਾਕਟਰੀ ਮੁਲਾਕਾਤ ਸਮੇਤ, ਸਰੀਰਕ ਜਾਂ ਦਿਮਾਗੀ ਸਿਹਤ ਦੀ ਹਾਲਤ

**ਸੁਰੱਖਿਅਤ ਸਮਾਂ:** ਘਰੇਲੂ ਹਿੰਸਾ, ਜਿਨਸੀ ਹਮਲਾ, ਪਿੱਛਾ ਕਰਨਾ ਜਾਂ ਜਨਤਕ ਸਿਹਤ ਦੇ ਮੁੱਦਿਆਂ ਨਾਲ ਸਬੰਧਤ ਕਾਰਨ*

### ਭੁਗਤਾਨ ਸਮੇਤ ਬਿਮਾਰੀ ਅਤੇ ਸੁਰੱਖਿਅਤ ਸਮਾਂ (PSST) ਦਰਾਂ

| | ਪੜਾਅ 1 | ਪੜਾਅ 2 | ਪੜਾਅ 3 |
|---|---|---|---|
| **ਰੁਜ਼ਗਾਰਦਾਤਾ ਦਾ ਆਕਾਰ** ਫੁੱਲ-ਟਾਈਮ ਬਰਾਬਰ ਵਿਸ਼ਵ ਭਰ ਵਿੱਚ (FTEs) ਕਰਮਚਾਰੀ | 49 ਤੱਕ FTEs | 50 – 249 FTEs | 250+ FTEs |
| **PSST ਦੇ ਸੰਗ੍ਰਹਿ** ਪ੍ਰਤੀ ਘੰਟੇ ਕੀਤਾ ਕੰਮ | 1 ਘੰਟਾ ਪ੍ਰਤੀ 40 ਘੰਟੇ | 1 ਘੰਟਾ ਪ੍ਰਤੀ 40 ਘੰਟੇ | 1 ਘੰਟਾ ਪ੍ਰਤੀ 30 ਘੰਟੇ |
| **ਬਗ਼ੈਰ ਵਰਤੋਂ ਵਾਲੀ PSST ਨੂੰ ਅੱਗੇ ਲਿਜਾਣਾ** ਪ੍ਰਤੀ ਸਾਲ | 40 ਘੰਟੇ | 56 ਘੰਟੇ | 72 ਘੰਟੇ** |

* ਸੁਰੱਖਿਅਤ ਸਮੇਂ ਦੀ ਵਰਤੋਂ ਘਰੇਲੂ ਮੈਂਬਰ ਦੀ ਦੇਖਭਾਲ ਲਈ ਵੀ ਕੀਤੀ ਜਾ ਸਕਦੀ ਹੈ

**ਭੁਗਤਾਨ ਸਮਾਂ ਬੰਦ (PTO) ਨੀਤੀ ਦੇ ਨਾਲ TIER 3 ਰੁਜ਼ਗਾਰਦਾਤਾਵਾਂ ਲਈ 108 ਘੰਟੇ

**ਰੁਜ਼ਗਾਰਦਾਤਾ**
ਅਨੁਪਾਲਨਾ ਸਹਾਇਤਾ ਪ੍ਰਾਪਤ ਕਰੋ ਅਤੇ/ਜਾਂ ਟ੍ਰੇਨਿੰਗ ਪ੍ਰਾਪਤ ਕਰੋ

**ਕਰਮਚਾਰੀ**
OLS ਕੋਲ ਸ਼ਿਕਾਇਤ ਦਰਜ ਕਰੋ ਜਾਂ ਕੋਰਟ ਵਿੱਚ ਮੁਕੱਦਮਾ ਦਾਇਰ ਕਰੋ

**206-256-5297**
www.seattle.gov/laborstandards

OFFICE OF LABOR STANDARDS 810 THIRD AVE, SUITE 375, SEATTLE, WA 98104 (206) 256-5297 LABORSTANDARDS@SEATTLE.GOV ਘੰਟੇ: ਸਵੇਰੇ 8 ਵਜੇ ਤੋਂ ਸ਼ਾਮ 5 ਵਜੇ (ਸੋਮਵਾਰ ਤੋਂ ਸ਼ੁੱਕਰਵਾਰ)

ALLIED PRINTING TRADES UNION LABEL COUNCIL WASH - OREGON 3